

ਕੈਂਪ ਦੌਰਾਨ ਚੈੱਕਅਪ ਕਰਦੇ ਡਾਕਟਰ। (ਸੰਕਲ)

# ਕੈਂਪ ਦੌਰਾਨ ਕੀਤਾ ਮਰੀਜ਼ਾਂ ਦਾ ਚੈੱਕਅਪ

ਮਾਨਸਾ, 11 ਜੂਨ (ਸੰਕਲ)–ਮਾਨਸਾ ਜ਼ਿਲ੍ਹੇ ਦੇ ਪਿੰਡ ਜੱਗਾ ਰਾਮ ਤੀਰਥ ਵਿਖੇ ਅੱਖਾਂ ਦਾ ਮੁਫ਼ਤ ਮੈਡੀਕਲ ਕੈਂਪ ਤਲਵੰਡੀ ਸਾਬੋ ਪਾਵਰ ਲਿਮ. ਵੱਲੋਂ ਲਗਵਾਇਆ ਗਿਆ। ਜਿਸ ਵਿਚ 71 ਮਰੀਜ਼ਾਂ ਦਾ ਚੈੱਕਅਪ ਕਰਕੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਡਾ. ਸ਼ਿਵ ਲਾਲ, ਮਨਦੀਪ ਸਿੰਘ, ਮਨਪ੍ਰੀਤ ਕੌਰ ਦੀ ਟੀਮ ਨੇ ਬੜੇ ਸੁਚੱਜੇ ਢੰਗ ਨਾਲ ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ ਗਰਮੀਆਂ ਦੇ ਮੌਸਮ ਦੌਰਾਨ ਅੱਖਾਂ ਦੀਆਂ ਬਿਮਾਰੀਆਂ ਤੋਂ ਬਚਣ ਸਬੰਧੀ ਸੁਝਾਅ ਦਿੱਤੇ। ਇਸ ਮੌਕੇ ਕੰਪਨੀ ਦੇ ਡਾ. ਵਿਸ਼ਾਲ, ਪੀ. ਸੀ. ਦਾਸ, ਮੈਡਮ ਪ੍ਰੀਤੀ ਰਾਵਤ ਆਦਿ ਨੇ ਕਿਹਾ ਕਿ ਕੰਪਨੀ ਦਾ ਮੁੱਖ ਟੀਚਾ ਮਾਨਸਾ ਜ਼ਿਲ੍ਹੇ ਦੇ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣਾ ਅਤੇ ਉਨ੍ਹਾਂ ਨੂੰ ਸ਼ੁੱਧ ਵਾਤਾਵਰਣ ਮੁਹੱਈਆ ਕਰਵਾਉਣਾ ਹੈ। ਇਸ ਮੌਕੇ ਪਿੰਡ ਵਾਸੀ ਸਾਧੂ ਸਿੰਘ, ਅਜੈਬ ਸਿੰਘ, ਲਖਵਿੰਦਰ ਸਿੰਘ, ਕੁਲਵਿੰਦਰ ਸਿੰਘ, ਅਮਰੀਕ ਸਿੰਘ, ਕਸ਼ਮੀਰ ਸਿੰਘ ਵੀ ਹਾਜ਼ਰ ਸਨ।